ਅਜੀਤ, ਬਠਿੰਡਾ
ਬਠਿੰਡਾ ਅਜੀਤ
ਸ਼ੁੱਕਰਵਾਰ, 28 ਨਵੰਬਰ 2025



## ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ



**ਰੇਡੀਓ**

ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ **28 ਨਵੰਬਰ** ਨੂੰ ਸ਼ਾਮ 4.00 ਤੋਂ 6.00 ਵਜੇ ਤੱਕ **ਭਾਈ ਜਤਿੰਦਰਪਾਲ ਸਿੰਘ** ਅਤੇ **29 ਨਵੰਬਰ** ਨੂੰ ਸਵੇਰੇ 4.00 ਤੋਂ 6.00 ਵਜੇ ਤੱਕ **ਭਾਈ ਜਗਤਾਰ ਸਿੰਘ ਰਾ** 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

**ਪੀ. ਟੀ. ਸੀ.**

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ **28 ਨਵੰਬਰ** ਨੂੰ ਸ਼ਾਮ 4.30 ਤੋਂ 6.30 ਵਜੇ ਤੱਕ **ਭਾਈ ਜਤਿੰਦਰਪਾਲ ਸਿੰਘ ਤੇ ਭਾਈ ਜੁਝਾਰ ਸਿੰਘ** ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' **ਭਾਈ ਤਜਿੰਦਰ ਸਿੰਘ** ਤੇ **29 ਨਵੰਬਰ** ਨੂੰ ਸਵੇਰੇ 3.55 ਵਜੇ ਤੋਂ 7.45 ਵਜੇ ਤੱਕ **ਭਾਈ ਜਗਤਾਰ ਸਿੰਘ ਰਾ ਤੇ ਭਾਈ ਨਵਨੀਤ ਸਿੰਘ** ਕੀਰਤਨ ਕਰਨਗੇ।

**ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ ਸਵੇਰੇ 3.55 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 6.00 ਵਜੇ ਤੋਂ 8.00 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।**

**ਮੁੱਖ ਵਾਕ ਦੀ ਕਥਾ :** 28 ਨਵੰਬਰ ਨੂੰ ਭਾਈ ਸਾਹਿਬ ਭਾਈ ਹਰਪਾਲ ਸਿੰਘ ਮੁੱਖ ਗ੍ਰੰਥੀ ਗੁ: ਸ੍ਰੀ ਫ਼ਤਹਿਗੜ੍ਹ ਸਾਹਿਬ ਤੇ 29 ਨਵੰਬਰ ਨੂੰ ਗਿਆਨੀ ਸੰਤੋਖ ਸਿੰਘ ਸੁਰਸਿੰਘ, ਗੁ: ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

## ਸਹਾਇਕ ਲਾਈਨਮੈਨਾਂ ਦੇ ਆਰਡਰ ਘਰ ਨਜ਼ਦੀਕ ਕਰਨ ਦੀ ਮੰਗ

ਮਾਨਸਾ, 27 ਨਵੰਬਰ (ਵਿ.ਪ੍ਰਤੀ.)-ਪਾਵਰਕਾਮ ਮੈਨੇਜਮੈਂਟ ਵਲੋਂ ਸੀ.ਆਰ. ਏ. 312/25 ਅਧੀਨ ਭਰਤੀ ਕੀਤੇ ਜਾ ਰਹੇ ਸਹਾਇਕ ਲਾਈਨਮੈਨ ਮੁਲਾਜ਼ਮਾਂ ਦੇ ਆਰਡਰ ਘਰ ਤੋਂ ਬਹੁਤ ਦੂਰ ਕਰ ਦਿੱਤੇ ਗਏ ਹਨ ਅਤੇ ਕਈ ਮੁਲਾਜ਼ਮਾਂ ਦੇ ਜ਼ੋਨ ਤੱਕ ਬਦਲ ਦਿੱਤੇ ਗਏ ਹਨ। ਮੁਲਾਜ਼ਮ ਯੂਨਾਈਟਿਡ ਔਰਗੇਨਾਈਜੇਸਨ ਮਾਨਸਾ ਦੇ ਡਵੀਜ਼ਨ ਪ੍ਰਧਾਨ ਬਲਕਰਨ ਸਿੰਘ ਕੋਟਧਰਮੂ ਨੇ ਮੰਗ ਕੀਤੀ ਕਿ ਸਹਾਇਕ ਲਾਈਨਮੈਨਾਂ ਦੇ ਆਰਡਰ ਘਰ ਦੇ ਨਜ਼ਦੀਕ ਕੀਤੇ ਜਾਣ। ਇਸ ਮੌਕੇ ਗੁਰਸੇਵਕ ਸਿੰਘ ਖਿਆਲਾ, ਹਰਦੀਪ ਸਿੰਘ ਭੁਪਾਲ ਆਦਿ ਹਾਜ਼ਰ ਸਨ।





ਬਾਘਾ ਰੋਡ ਅਤੇ ਬੰਗੀ ਰੋਡ 'ਤੇ ਲਾਏ ਧਰਨਿਆਂ ਦੀਆਂ ਤਸਵੀਰਾਂ।

## ਸੀਵਰੇਜ ਸਮੱਸਿਆ ਨੂੰ ਲੈ ਕੇ ਬਾਘਾ ਰੋਡ 'ਤੇ ਲਾਇਆ ਧਰਨਾ ਅੱਜ ਦੂਜੇ ਦਿਨ ਵੀ ਰਿਹਾ ਜਾਰੀ

### ਸੀਵਰੇਜ ਸਮੱਸਿਆ ਦਾ ਹੱਲ ਕਰਨ ਦੀ ਬਜਾਏ ਪ੍ਰਸ਼ਾਸਨਿਕ ਅਧਿਕਾਰੀ ਧਰਨਾ ਚੁਕਵਾਉਣ ਲਈ ਲਾ ਰਹੇ ਜ਼ੋਰ

ਰਾਮਾਂ ਮੰਡੀ, 27 ਨਵੰਬਰ (ਤਰਸੇਮ ਸਿੰਗਲਾ)-ਪਿਛਲੇ ਲੰਬੇ ਸਮੇਂ ਤੋਂ ਓਵਰਫਲੋ ਹੋਏ ਸੀਵਰੇਜ ਦੇ ਗੰਦੇ ਪਾਣੀ ਦਾ ਸੰਤਾਪ ਝੱਲ ਰਹੇ ਬਾਘਾ ਰੋਡ ਦੇ ਲੋਕਾਂ ਵਲੋਂ ਬਾਘਾ ਰੋਡ 'ਤੇ ਲਾਇਆ ਧਰਨਾ ਅਤੇ ਜਾਮ ਜਿੱਥੇ ਅੱਜ ਦੂਸਰੇ ਦਿਨ ਵੀ ਜਾਰੀ ਰਿਹਾ, ਉੱਥੇ ਬੰਗੀ ਰੋਡ ਕੱਚਾ ਵਾਸ ਦੇ ਲੋਕਾਂ ਨੇ ਵੀ ਬੰਗੀ ਰੋਡ 'ਤੇ ਧਰਨਾ ਲਾ ਕੇ ਰੋਡ ਜਾਮ ਕਰ ਦਿੱਤੀ ਅਤੇ ਭਲਕੇ ਤੋਂ ਰਾਮਸਰਾ ਰੋਡ 'ਤੇ ਵੀ ਧਰਨਾ ਦੇਣ ਲਈ ਲੋਕ ਤਿਆਰੀਆਂ ਕਰ ਰਹੇ ਹਨ। ਧਰਨਿਆਂ ਨੂੰ ਸੰਬੋਧਨ ਕਰਦਿਆਂ ਬੁਲਾਰਿਆਂ ਨੇ ਕਿਹਾ ਕਿ ਲੰਬੇ ਸਮੇਂ ਤੋਂ ਸਾਰੀ ਮੰਡੀ ਸੀਵਰੇਜ ਦੇ ਗੰਦੇ ਪਾਣੀ ਦਾ ਸੰਤਾਪ ਝੱਲ ਰਹੀ ਹੈ, ਪਰ ਸਰਕਾਰ ਸੀਵਰੇਜ ਸਿਸਟਮ ਦਾ ਪੱਕਾ ਹੱਲ ਕਰਨ ਦੀ ਬਜਾਏ ਅਸਥਾਈ ਰੂਪ ਵਿਚ ਟੈਂਕੀਆਂ ਨਾਲ ਹੀ ਸੀਵਰੇਜ ਚਲਾਉਣ ਵਿਚ ਲੱਗੀ ਹੋਈ ਹੈ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨਿਕ ਅਧਿਕਾਰੀ ਵੀ ਸੀਵਰੇਜ ਸਮੱਸਿਆ ਦਾ ਹੱਲ ਕਰਨ ਦੀ ਬਜਾਏ ਧਰਨੇ ਚੁਕਵਾਉਣ ਲਈ ਹੀ ਜ਼ੋਰ ਲਾ ਰਹੇ ਹਨ ਅਤੇ ਵਾਰ-ਵਾਰ ਪ੍ਰਦਰਸ਼ਨਕਾਰੀਆਂ ਤੋਂ ਸੀਵਰੇਜ ਸਿਸਟਮ ਦੇ ਹੱਲ ਲਈ 15 ਦਿਨ ਦਾ ਸਮਾਂ ਮੰਗ ਰਹੇ ਹਨ। ਜਦੋਂਕਿ ਪਿਛਲੇ ਲੰਬੇ ਸਮੇਂ ਤੋਂ ਸਮੱਸਿਆ ਦਾ ਹੱਲ ਕਰਨ ਦੀ ਬਜਾਏ ਝੂਠੇ ਲਾਰਿਆਂ ਨਾਲ ਹੀ ਸਮਾਂ ਲੰਘਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਉਹ ਹੁਣ ਪ੍ਰਸ਼ਾਸਨ ਨੂੰ ਹੋਰ ਸਮਾਂ ਨਹੀਂ ਦੇਣਾ ਚਾਹੁੰਦੇ। ਧਰਨਿਆਂ 'ਤੇ ਬੈਠੇ ਲੋਕਾਂ ਨੇ ਕਿਹਾ ਕਿ ਜਦੋਂ ਤੱਕ ਸੀਵਰੇਜ ਸਿਸਟਮ ਦਾ ਹੱਲ ਕਰਕੇ ਸੜਕ ਨਵੀਂ ਨਹੀਂ ਬਣਾਈ ਜਾਂਦੀ, ਉਦੋਂ ਤੱਕ ਧਰਨਾ ਦਿਨ-ਰਾਤ ਜਾਰੀ ਰਹੇਗਾ।

## 33.15 ਗ੍ਰਾਮ ਹੈਰੋਇਨ ਅਤੇ 120 ਨਸ਼ੀਲੇ ਕੈਪਸੂਲਾਂ ਸਮੇਤ ਔਰਤ ਸਣੇ ਚਾਰ ਵਿਅਕਤੀ ਗ੍ਰਿਫ਼ਤਾਰ

ਅਪਰਾਧਨਾਮਾ

ਬਠਿੰਡਾ, 27 ਨਵੰਬਰ (ਵੀਰਪਾਲ ਸਿੰਘ)-ਬਠਿੰਡਾ ਪੁਲਿਸ ਵਲੋਂ ਇਕ ਔਰਤ ਸਮੇਤ 4 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਜਿਨ੍ਹਾਂ ਪਾਸੋਂ 33.15 ਗ੍ਰਾਮ ਹੈਰੋਇਨ ਅਤੇ 120 ਨਸ਼ੀਲੇ ਕੈਪਸੂਲ ਬਰਾਮਤ ਕੀਤੇ ਗਏ ਹਨ। ਪਹਿਲੇ ਮਾਮਲੇ ਦੀ ਜਾਂਚ ਕਰ ਰਹੇ ਪੁਲਿਸ ਅਧਿਕਾਰੀ ਗੁਰਸੇਵਕ ਸਿੰਘ ਵਲੋਂ ਜਾਣਕਾਰੀ ਸਾਂਝੀ ਕਰਦੇ ਹੋਏ ਦੱਸਿਆ ਕਿ ਸੀ.ਆਈ.ਏ. ਪੁਲਿਸ ਪਾਰਟੀ ਵਲੋਂ ਬੀੜ ਤਲਾਬ ਵਾਸੀ ਔਰਤ ਸੋਮਾ ਰਾਣੀ (21) ਨੂੰ ਗ੍ਰਿਫ਼ਤਾਰ ਕੀਤਾ ਗਿਆ, ਜਿਸ ਪਾਸੋਂ 25 ਗ੍ਰਾਮ ਹੈਰੋਇਨ ਬਰਾਮਦ ਕਰ ਲਈ ਗਈ ਹੈ। ਗ੍ਰਿਫ਼ਤਾਰ ਕੀਤੀ ਗਈ ਔਰਤ 'ਤੇ ਥਾਣਾ ਸਦਰ ਵਿਖੇ ਨਸ਼ਾ ਰੋਕੂ ਐਕਟ ਅਧੀਨ ਮੁਕੱਦਮਾ ਦਰਜ ਕਰ ਲਿਆ ਗਿਆ ਹੈ।

ਦੂਸਰੇ ਮਾਮਲੇ ਵਿਚ ਜਾਂਚ ਪੁਲਿਸ ਅਧਿਕਾਰੀ ਜਗਸੀਰ ਸਿੰਘ ਵਲੋਂ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਥਾਣਾ ਸਿਵਲ ਲਾਇਨ ਪੁਲਿਸ ਪਾਰਟੀ ਵਲੋਂ ਕੀਤੀ ਜਾ ਰਹੀ ਗਸ਼ਤ ਦੌਰਾਨ ਬਰਨਾਲਾ ਬਾਈਪਾਸ ਨੇੜਿਓਂ ਦੋ ਸ਼ੱਕੀ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ। ਤਲਾਸ਼ੀ ਦੌਰਾਨ ਉਕਤ ਵਿਅਕਤੀਆਂ ਪਾਸੋਂ 8.15 ਗ੍ਰਾਮ ਹੈਰੋਇਨ ਬਰਾਮਦ ਕਰ ਲਈ ਗਈ। ਪੁਲਿਸ ਅਨੁਸਾਰ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਹਿਚਾਣ ਧਰਮਪ੍ਰੀਤ ਸਿੰਘ ਅਤੇ ਮਹਿਕਦੀਪ ਸਿੰਘ ਦੋਂਵੇ ਵਾਸੀ ਚੰਦਸਰ ਬਸਤੀ ਬਠਿੰਡਾ ਵਜੋਂ ਹੋਈ ਹੈ। ਜਿਨ੍ਹਾਂ 'ਤੇ ਥਾਣਾ ਸਿਵਲ ਲਾਇਨ ਵਿਖੇ ਨਸ਼ਾ ਰੋਕੂ ਐਕਟ ਅਧੀਨ ਮੁਕੱਦਮਾ ਦਰਜ ਕਰ ਲਿਆ ਗਿਆ ਹੈ।

ਤੀਸਰੇ ਮਾਮਲੇ ਵਿਚ ਜਾਂਚ ਪੁਲਿਸ ਅਧਿਕਾਰੀ ਹਰਮੰਦਰ ਸਿੰਘ ਵਲੋਂ ਜਾਣਕਾਰੀ ਸਾਂਝੀ ਕਰਦੇ ਹੋਏ ਦੱਸਿਆ ਕਿ ਥਾਣਾ ਕੋਤਵਾਲੀ ਪੁਲਿਸ ਵਲੋਂ ਸਥਾਨਕ ਬੱਸ ਸਟੈਂਡ ਪਾਸੋਂ ਪਰਮਜੀਤ ਸਿੰਘ ਵਾਸੀ ਬਠਿੰਡਾ ਨੂੰ 120 ਪ੍ਰੈਗਾਬਲਿਨ ਕੈਪਸੂਲਾਂ ਸਮੇਤ ਗ੍ਰਿਫ਼ਤਾਰ ਕੀਤਾ ਗਿਆ ਹੈ, ਜਿਸ 'ਤੇ ਥਾਣਾ ਕੋਤਵਾਲੀ ਵਿਖੇ ਨਸ਼ਾ ਰੋਕੂ ਐਕਟ ਅਧੀਨ ਮੁਕੱਦਮਾ ਦਰਜ ਕਰ ਲਿਆ ਗਿਆ ਹੈ। ਉਕਤ ਵਿਅਕਤੀ ਨੂੰ ਬਰਜ਼ਮਾਨਤ ਰਿਹਾਅ ਕਰ ਦਿੱਤਾ ਗਿਆ ਹੈ।

## ਹਾੜ੍ਹੀ ਦੀਆਂ ਫ਼ਸਲਾਂ ਸੰਬੰਧੀ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਲਗਾਇਆ

### ਪਰਾਲੀ ਦੀ ਸੰਭਾਲ ਕਰਨ ਵਾਲੇ ਅਗਾਂਹਵਧੂ ਕਿਸਾਨਾਂ ਨੂੰ ਕੀਤਾ ਸਨਮਾਨਿਤ

ਬਠਿੰਡਾ, 27 ਨਵੰਬਰ (ਅੰਮ੍ਰਿਤਪਾਲ ਸਿੰਘ ਵਲ੍ਹਾਣ)-ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵਲੋਂ ਆਤਮਾ ਸਕੀਮ ਦੇ ਸਹਿਯੋਗ ਨਾਲ ਸਥਾਨਕ ਦਾਣਾ ਮੰਡੀ ਸਥਿਤ ਲਾਰਡ ਰਾਮਾਂ ਹਾਲ ਵਿਚ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਲਗਾਇਆ ਗਿਆ। ਜਿਸ ਵਿਚ ਵੱਖ-ਵੱਖ ਵਿਭਾਗਾਂ ਬਾਗ਼ਬਾਨੀ, ਪਸ਼ੂ-ਪਾਲਣ, ਮਾਰਕਫੈੱਡ, ਪੰਜਾਬ ਐਗਰੋ, ਸਿਹਤ ਵਿਭਾਗ ਅਤੇ ਜ਼ਿਲ੍ਹੇ ਦੇ ਖੇਤੀ ਜਿਣਸਾਂ ਤੋਂ ਉਤਪਾਦ ਬਣਾ ਕੇ ਵੇਚਣ ਵਾਲੇ ਕਿਸਾਨਾਂ ਵਲੋਂ ਪ੍ਰਦਰਸ਼ਨੀਆਂ ਲਗਾਈਆਂ ਗਈਆਂ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਮੈਡਮ ਪੂਨਮ ਸਿੰਘ ਨੇ ਕਿਹਾ ਕਿ ਜ਼ਿਲ੍ਹੇ ਵਿਚ ਇਸ ਸਾਲ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਦੇ ਕੁਲ 368 ਕੇਸ ਹੀ ਆਏ ਹਨ, ਜੋ ਕਿ ਪਿਛਲੇ ਸਾਲਾਂ ਦੇ ਮੁਕਾਬਲੇ ਕਾਫ਼ੀ ਘੱਟ ਪਾਏ ਗਏ ਹਨ। ਉਨ੍ਹਾਂ ਕਿਹਾ ਕਿ ਆਮਦਨ ਵਿਚ ਵਾਧਾ ਕਰਨ ਲਈ ਕਿਸਾਨਾਂ ਨੂੰ ਖੇਤੀਬਾੜੀ ਦੇ ਨਾਲ-ਨਾਲ ਸਹਾਇਕ ਧੰਦੇ ਵੀ ਅਪਣਾਉਣੇ ਚਾਹੀਦੇ ਹਨ। ਡਾ. ਹਰਬੰਸ ਸਿੰਘ ਸਿੱਧੂ, ਮੁੱਖ ਖੇਤੀਬਾੜੀ ਅਫ਼ਸਰ ਨੇ ਆਏ ਹੋਏ ਮਹਿਮਾਨਾਂ ਅਤੇ ਕਿਸਾਨਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਕਿਸਾਨ ਹਿੱਤ ਵਿਚ ਚਲਾਈਆਂ ਜਾਂਦੀਆਂ ਵੱਖ-ਵੱਖ ਸਕੀਮਾਂ ਅਤੇ ਨਵੀਆਂ ਉਤਪਾਦਨ ਤਕਨੀਕਾਂ ਲਈ ਇਹ ਜ਼ਿਲ੍ਹਾ ਪੱਧਰੀ, ਬਲਾਕ ਪੱਧਰੀ ਅਤੇ ਪਿੰਡ ਪੱਧਰੀ ਕਿਸਾਨ ਮੇਲੇ ਅਤੇ ਕੈਂਪ ਲਗਾਏ ਜਾਂਦੇ ਹਨ। ਇਸ ਮੌਕੇ ਹਾੜ੍ਹੀ ਦੀਆਂ ਰਿਜਨਲ ਰਿਸਰਚ ਸੈਂਟਰ, ਕ੍ਰਿਸ਼ੀ ਵਿਗਿਆਨ ਕੇਂਦਰ ਅਤੇ ਐਫ.ਏ.ਐੱਸ.ਐੱਸ ਬਠਿੰਡਾ ਤੋਂ ਪਹੁੰਚੇ ਸਾਇੰਸਦਾਨ ਡਾ. ਹਰਜੀਤ ਸਿੰਘ ਨੇ ਹਾੜੀ ਦੀਆਂ ਫ਼ਸਲਾਂ ਵਿਚ ਨਦੀਨਾ ਦੀ ਰੋਕਥਾਮ, ਡਾ. ਤੇਜਬੀਰ ਸਿੰਘ ਨੇ ਖਾਦਾਂ ਅਤੇ ਪਾਣੀ ਪ੍ਰਬੰਧਨ, ਡਾ. ਗੁਰਦੀਪ ਸਿੰਘ ਨੇ ਕ੍ਰਿਸ਼ੀ ਵਿਗਿਆਨ ਕੇਂਦਰ ਵਿਖੇ ਚੱਲ ਰਹੇ ਵੱਖ-ਵੱਖ ਸਿਖਲਾਈ ਪ੍ਰੋਗਰਾਮਾਂ, ਡਾ. ਜਸਜਿੰਦਰ ਕੌਰ ਤੇ ਡਾ. ਰੁਪੇਸ਼ ਅਰੋੜਾ ਨੇ ਕੀੜੇ-ਮਕੌੜੇ ਅਤੇ ਬਿਮਾਰੀਆਂ ਦੀ ਰੋਕਥਾਮ, ਡਾ. ਨਵੀਨ ਗਰਗ ਨੇ ਸਬਜ਼ੀਆਂ ਦੀ ਸਾਂਭ-ਸੰਭਾਲ, ਡਾ. ਨਵਜੋਤ ਕੌਰ ਤੇ ਡਾ. ਚੇਤਕ ਵਿਸ਼ਨੋਈ ਨੇ ਬਾਗਾਂ ਦੀ ਸਾਂਭ-ਸੰਭਾਲ, ਡਾ. ਗੀਨਾ ਗਰਗ ਬਾਗ਼ਬਾਨੀ ਵਿਕਾਸ ਅਫ਼ਸਰ ਨੇ ਵਿਭਾਗ ਵਿਚ ਚੱਲ ਰਹੀਆਂ ਸਕੀਮਾਂ ਸੰਬੰਧੀ ਜਾਣਕਾਰੀ ਦਿੱਤੀ। ਸਟੇਜ ਸੰਚਾਲਨ ਡਾ. ਹਰਦੀਪ ਸਿੰਘ, ਖੇਤੀਬਾੜੀ ਅਫ਼ਸਰ (ਟਰੇਨਿੰਗ) ਅਤੇ ਡਾ. ਮਨਜਿੰਦਰ ਸਿੰਘ ਨੇ ਕੀਤਾ। ਡਾ. ਪ੍ਰਭਜੋਤ ਕੌਰ ਜ਼ਿਲ੍ਹਾ ਸਿਖਲਾਈ ਅਫ਼ਸਰ ਬਠਿੰਡਾ, ਡਾ. ਬਲਜਿੰਦਰ ਸਿੰਘ ਭੂਮੀ ਪਰਖ ਅਫ਼ਸਰ ਰਾਮਪੁਰਾ, ਡਾ. ਹਰਜਸਪਾਲ ਸ਼ਰਮਾ ਬਲਾਕ ਖੇਤੀਬਾੜੀ ਅਫ਼ਸਰ ਬਠਿੰਡਾ ਅਤੇ ਸ਼੍ਰੀਮਤੀ ਤੇਜਦੀਪ ਕੌਰ ਪ੍ਰੋਜੈਕਟ ਡਾਇਰੈਕਟਰ ਆਤਮਾ ਬਠਿੰਡਾ ਨੇ ਕੈਂਪ ਨੂੰ ਕਾਮਯਾਬ ਕਰਨ ਲਈ ਪੂਰਨ ਸਹਿਯੋਗ ਦਿੱਤਾ। ਕੈਂਪ ਦੌਰਾਨ ਪਰਾਲੀ ਦੀ ਸੁਚੱਜੀ ਸਾਂਭ ਸੰਭਾਲ ਕਰਨ ਵਾਲੇ ਵੱਖ-ਵੱਖ ਬਲਾਕਾਂ ਦੇ ਅਗਾਂਹਵਧੂ ਕਿਸਾਨਾਂ ਅਤੇ ਖੇਤੀਬਾੜੀ ਵਿਭਾਗ ਦੇ ਕੰਮਾਂ ਨੂੰ ਤਨਦੇਹੀ ਨਾਲ ਕਰਨ ਵਾਲੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਡਾ. ਦਵਿੰਦਰ ਸਿੰਘ ਸੰਧੂ, ਸਹਾਇਕ ਪੌਦਾ ਸੁਰੱਖਿਆ ਅਫ਼ਸਰ ਤੋਂ ਇਲਾਵਾ ਵੱਖ-ਵੱਖ ਪਿੰਡਾਂ ਦੇ ਕਿਸਾਨਾਂ ਨੇ ਸ਼ਮੂਲੀਅਤ ਕੀਤੀ।

### ਜਨਮ ਦਿਨ ਮੁਬਾਰਕ



ਅਰਸ਼ੀਨ ਕੌਰ ਜਲਾਲ
ਪਿਤਾ : ਅਰਸ਼ਦੀਪ ਸਿੰਘ ਜਲਾਲ
ਮਾਤਾ : ਪ੍ਰਭਲੀਨ ਕੌਰ ਜਲਾਲ
ਬਠਿੰਡਾ



ਡਿਪਟੀ ਕਮਿਸ਼ਨਰ ਈ.ਜੀ. ਰਜਿਸਟਰੀਆਂ ਸਬੰਧੀ ਸਾਫ਼ਟ ਲਾਂਚਿੰਗ ਦੀ ਕੀਤੀ ਸ਼ੁਰੂਆਤ ਕਰਨ ਉਪਰੰਤ ਲੋਕਾਂ ਨਾਲ ਗੱਲਬਾਤ ਕਰਦੇ ਹੋਏ। *ਅਜੀਤ ਤਸਵੀਰ*

## ਡਿਪਟੀ ਕਮਿਸ਼ਨਰ ਨੇ ਈ.ਜੀ. ਰਜਿਸਟਰੀਆਂ ਸੰਬੰਧੀ ਸਾਫ਼ਟ ਲਾਂਚਿੰਗ ਦੀ ਕੀਤੀ ਸ਼ੁਰੂਆਤ

ਬਠਿੰਡਾ, 27 ਨਵੰਬਰ (ਅੰਮ੍ਰਿਤਪਾਲ ਸਿੰਘ ਵਲ੍ਹਾਣ)-ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨੇ ਅੱਜ ਇੱਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਚ ਸਥਿਤ ਤਹਿਸੀਲ ਦਫ਼ਤਰ ਵਿਖੇ ਈ.ਜੀ. ਰਜਿਸਟਰੀਆਂ 'ਚ ਆ ਰਹੀਆਂ ਨਾ-ਮਾਤਰ ਖਾਮੀਆਂ ਨੂੰ ਦੂਰ ਕਰਨ ਦੇ ਮੱਦੇਨਜ਼ਰ ਸਾਫ਼ਟ ਲਾਂਚਿੰਗ ਦੀ ਸ਼ੁਰੂਆਤ ਕੀਤੀ ਤਾਂ ਜੋ ਇਥੇ ਆਮ ਲੋਕਾਂ ਨੂੰ ਰਜਿਸਟਰੀਆਂ ਸਬੰਧੀ ਕਿਸੇ ਵੀ ਤਰ੍ਹਾਂ ਕੋਈ ਸਮੱਸਿਆ ਦਰਪੇਸ਼ ਨਾ ਆਵੇ। ਇਸ ਮੌਕੇ ਉਨ੍ਹਾਂ ਹੁਣ ਤੱਕ ਹੋਈਆਂ ਈ.ਜੀ. ਰਜਿਸਟਰੀਆਂ ਦੇ ਸਬੰਧ 'ਚ ਜਾਣਕਾਰੀ ਹਾਸਿਲ ਕੀਤੀ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜਲਦ ਤੋਂ ਜਲਦ ਬਿਨ੍ਹਾਂ ਦੇਰੀ ਦੇ ਰਜਿਸਟਰੀਆਂ ਕਰਨੀਆਂ ਯਕੀਨੀ ਬਣਾਈਆਂ ਜਾਣ। ਉਨ੍ਹਾਂ ਦੱਸਿਆ ਕਿ ਹੁਣ ਤੱਕ 498 ਈਜੀ ਰਜਿਸਟਰੀਆਂ ਲਿਖੀਆਂ ਗਈਆਂ ਹਨ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਤਹਿਸੀਲ ਦਫਤਰ ਵਿਖੇ ਰਜਿਸਟਰੀਆਂ ਕਰਵਾਉਣ ਆਏ ਆਮ ਲੋਕਾਂ ਨਾਲ ਗੱਲਬਾਤ ਕੀਤੀ। ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਆਮ ਲੋਕਾਂ ਨੂੰ ਦਫਤਰੀ ਸਟਾਫ ਨਾਲ ਸਹਿਯੋਗ ਕਰਨ ਦੀ ਅਪੀਲ ਵੀ ਕੀਤੀ। ਇਸ ਮੌਕੇ ਤਹਿਸੀਲਦਾਰ ਕੁਲਦੀਪ ਸਿੰਘ, ਡੀਐਸਐਮ ਲਵਨੀਤ ਤੋਂ ਇਲਾਵਾ ਹੋਰ ਅਧਿਕਾਰੀ ਅਤੇ ਆਮ ਲੋਕ ਆਦਿ ਹਾਜ਼ਰ ਸਨ।

### ਮਾਮਲਾ 5 ਮਹੀਨਿਆਂ ਤੋਂ ਤਨਖ਼ਾਹ ਨਾ ਮਿਲਣ ਦਾ

## ਹੜਤਾਲ ਦੇ 7ਵੇਂ ਦਿਨ ਸਫ਼ਾਈ ਸੇਵਕਾਂ ਨੇ ਵਿਧਾਇਕ ਨੂੰ ਦਿੱਤਾ ਮੰਗ-ਪੱਤਰ

ਭੁੱਚੋ ਮੰਡੀ, 27 ਨਵੰਬਰ (ਪਰਵਿੰਦਰ ਸਿੰਘ ਜੌੜਾ)-ਸਥਾਨਕ ਨਗਰ ਕੌਂਸਲ ਦੇ ਦਰਜਾ 4 ਮੁਲਾਜ਼ਮਾਂ ਵਲੋਂ ਹੜਤਾਲ ਦੇ 7ਵੇਂ ਦਿਨ ਹਲਕਾ ਵਿਧਾਇਕ ਮਾ. ਜਗਸੀਰ ਸਿੰਘ ਨੂੰ ਮੰਗ-ਪੱਤਰ ਦਿੱਤਾ ਗਿਆ ਅਤੇ ਦੱਸਿਆ ਕਿ ਨਗਰ ਕੌਂਸਲ ਵਲੋਂ ਉਨ੍ਹਾਂ ਨੂੰ 5 ਮਹੀਨਿਆਂ ਤੋਂ ਤਨਖ਼ਾਹ ਨਹੀਂ ਦਿੱਤੀ ਜਾ ਰਹੀ, ਕਾਰਨ ਉਨ੍ਹਾਂ ਦੇ ਚੁੱਲ੍ਹਿਆਂ ਵਿਚ ਅੱਗ ਤੱਕ ਨਹੀਂ ਬਲ ਰਹੀ। ਉਨ੍ਹਾਂ ਕਿਹਾ ਕਿ ਨਗਰ ਕੌਂਸਲ ਵਲੋਂ ਉਨ੍ਹਾਂ ਨੂੰ ਆਖ਼ਰੀ ਤਨਖ਼ਾਹ ਜੂਨ ਵਿਚ ਦਿੱਤੀ ਗਈ ਸੀ। ਇਸ ਤੋਂ ਇਲਾਵਾ ਪਿਛਲੇ 4 ਸਾਲਾਂ ਤੋਂ ਉਨ੍ਹਾਂ ਦਾ ਬਣਦਾ ਪੀ.ਐਫ. ਵੀ ਨਹੀਂ ਜਮ੍ਹਾ ਕਰਵਾਇਆ ਜਾ ਰਿਹਾ। ਹੋਰਨਾਂ ਮੰਗਾਂ ਸੰਬੰਧੀ ਵੀ ਦੱਸਿਆ ਗਿਆ। ਉਨ੍ਹਾਂ ਕਿਹਾ ਕਿ ਹੜਤਾਲ ਸ਼ੁਰੂ ਹੋਣ ਤੋਂ ਹੁਣ ਤੱਕ ਨਗਰ ਕੌਂਸਲ ਦਾ ਕਾਰਜ ਸਾਧਕ ਅਫ਼ਸਰ ਤਰੁਣ ਕੁਮਾਰ ਇੱਥੇ ਨਹੀਂ ਆਇਆ, ਜਦੋਂ ਕਿ ਪ੍ਰਧਾਨ ਜੋਨੀ ਬਾਂਸਲ ਉਨ੍ਹਾਂ ਨੂੰ ਸਿਰਫ਼ ਲਾਰੇ-ਲੱਪੇ ਲਾ ਕੇ ਡੰਗ ਟਪਾ ਰਿਹਾ ਹੈ ਅਤੇ ਨਗਰ ਕੌਂਸਲ ਕੋਲ ਪੈਸਾ ਨਹੀਂ ਹੈ, ਦੇ ਬਹਾਨੇ ਘੜੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਮੁਲਾਜ਼ਮਾਂ ਦੀਆਂ ਤਨਖ਼ਾਹਾਂ ਦਾ ਪ੍ਰਬੰਧ ਨਗਰ ਕੌਂਸਲ ਪ੍ਰਬੰਧਕਾਂ ਨੇ ਕਰਨਾ ਹੈ। ਵਿਧਾਇਕ ਮਾ. ਜਗਸੀਰ ਸਿੰਘ ਨੇ ਭਰੋਸਾ ਦਿਵਾਇਆ ਕਿ ਉਨ੍ਹਾਂ ਦਾ ਮਸਲਾ ਜਲਦੀ ਹੀ ਨਿਬੇੜ ਦਿੱਤਾ ਜਾਵੇਗਾ ਅਤੇ ਸਾਰੀਆਂ ਬਕਾਇਆ ਤਨਖਾਹਾਂ ਦਿਵਾਈਆਂ ਜਾਣਗੀਆਂ। ਇਸ ਮੌਕੇ ਮੌਜੂਦ ਨਗਰ ਕੌਂਸਲ ਦੇ ਪ੍ਰਧਾਨ ਜੋਨੀ ਬਾਂਸਲ ਦਾ ਕਹਿਣਾ ਸੀ ਕਿ ਮੁਲਾਜ਼ਮਾਂ ਦੀਆਂ ਤਨਖ਼ਾਹਾਂ ਲਈ ਲੋੜੀਂਦੇ ਫ਼ੰਡਾਂ ਦਾ ਪ੍ਰਬੰਧ ਕੀਤਾ ਜਾ ਰਿਹਾ ਹੈ। ਦੱਸ ਦਈਏ ਕਿ ਸਫ਼ਾਈ ਸੇਵਕਾਂ ਦੀ ਹੜਤਾਲ ਕਾਰਨ ਪਿਛਲੇ 7 ਦਿਨਾਂ ਤੋਂ ਸ਼ਹਿਰ ਵਿਚ ਸਫ਼ਾਈ ਨਹੀਂ ਹੋ ਸਕੀ ਹੈ ਅਤੇ ਬਾਜ਼ਾਰ ਸਮੇਤ ਰਿਹਾਇਸ਼ੀ ਇਲਾਕੇ ਦੀਆਂ ਗਲੀਆਂ ਵਿਚ ਗੰਦਗੀ ਅਤੇ ਕੂੜੇ-ਕਰਕਟ ਦੇ ਢੇਰ ਲੱਗ ਗਏ ਹਨ। ਮੁਲਾਜ਼ਮ ਰੋਜ਼ਾਨਾ ਨਗਰ ਕੌਂਸਲ ਪ੍ਰਬੰਧਕਾਂ ਖ਼ਿਲਾਫ਼ ਰੋਸ ਮੁਜ਼ਾਹਰਾ ਕਰ ਰਹੇ ਹਨ। ਇਸ ਮੌਕੇ ਮੁਲਾਜ਼ਮ ਯੂਨੀਅਨ ਦੇ ਪ੍ਰਧਾਨ ਪੱਪੂ ਰਾਮ, ਜਨਰਲ ਸਕੱਤਰ ਦਿਲਬਾਗ ਟਾਂਕ, ਰਮੇਸ਼ ਕੁਮਾਰ, ਲਛਮਣ ਦਾਸ, ਰਮੇਸ਼ ਕੁਮਾਰ ਸੰਜੂ, ਸੰਜੀਵ ਕੁਮਾਰ, ਹਰਦੇਵ ਸਿੰਘ, ਸ਼ਿਵ ਕੁਮਾਰ, ਅੰਗਰੇਜ਼ ਸਿੰਘ ਅਤੇ ਬਜਿੰਦਰ ਕੁਮਾਰ ਵੀ ਮੌਜੂਦ ਸਨ।



ਨਗਰ ਕੌਂਸਲ ਭੁੱਚੋ ਦੇ ਦਰਜਾ-4 ਮੁਲਾਜ਼ਮ ਹਲਕਾ ਵਿਧਾਇਕ ਮਾ. ਜਗਸੀਰ ਸਿੰਘ ਨੂੰ ਮੰਗ-ਪੱਤਰ ਸੌਂਪਦੇ ਹੋਏ। *ਤਸਵੀਰ : ਪਰਵਿੰਦਰ ਸਿੰਘ ਜੌੜਾ*



ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਪੱਤੀ ਕਾਲਾ ਮਹਿਰਾਜ ਦੇ ਵਿਦਿਆਰਥੀ ਵਿੱਦਿਅਕ ਟੂਰ ਦੌਰਾਨ। *ਅਜੀਤ ਤਸਵੀਰ*

## ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਪੱਤੀ ਕਾਲਾ ਮਹਿਰਾਜ ਵਲੋਂ ਲਾਇਆ ਵਿੱਦਿਅਕ ਟੂਰ

ਮਹਿਰਾਜ, 27 ਨਵੰਬਰ (ਸੁਖਪਾਲ ਮਹਿਰਾਜ)-ਪਿਛਲੇ ਦਿਨੀਂ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਪੱਤੀ ਕਾਲਾ ਮਹਿਰਾਜ ਦੇ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਵਲੋਂ ਵਿੱਦਿਅਕ ਟੂਰ ਲਗਾਇਆ ਗਿਆ। ਇਹ ਟੂਰ ਈ.ਟੀ.ਟੀ. ਅਧਿਆਪਕ ਕੁਲਵਿੰਦਰ ਸਿੰਘ ਦੀ ਅਗਵਾਈ ਵਿਚ ਸਵੇਰੇ ਸਕੂਲ ਤੋਂ ਰਵਾਨਾ ਹੋਇਆ। ਵਿਦਿਆਰਥੀ ਤਖ਼ਤ ਸ੍ਰੀ ਦਮਦਮਾ ਸਾਹਿਬ, ਬਠਿੰਡਾ ਰੋਜ਼ ਗਾਰਡਨ, ਗੁਰਦੁਆਰਾ ਕਿਲ੍ਹਾ ਮੁਬਾਰਕ (ਪਾਤਸ਼ਾਹੀ ਦਸਵੀਂ) ਅਤੇ ਮਿੰਨੀ ਜ਼ੂ ਕੰਮ ਡੀਅਰ ਸਫਾਰੀ ਬੀੜ ਤਲਾਬ ਵਿਖੇ ਗਏ। ਟੂਰ ਦੌਰਾਨ ਵਿਦਿਆਰਥੀਆਂ ਨੂੰ ਗੁਰਦੁਆਰਾ ਕਿਲਾ ਮੁਬਾਰਕ ਦੇ ਇਤਿਹਾਸ ਅਤੇ ਡੀਅਰ ਸਫ਼ਾਰੀ ਵਿਚ ਜੰਗਲੀ ਜਾਨਵਰਾਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ। ਰੋਜ਼ ਗਾਰਡਨ ਵਿਖੇ ਬੱਚਿਆਂ ਨੇ ਫੁੱਲਾਂ, ਬੂਟਿਆਂ ਅਤੇ ਪ੍ਰਕਿਰਤੀ ਦੁਆਰਾ ਮਨੁੱਖੀ ਜੀਵਨ ਵਿਚ ਭਰਪੂਰ ਸੁੰਦਰਤਾ ਅਤੇ ਇਨ੍ਹਾਂ ਦੀ ਸੰਭਾਲ ਬਾਰੇ ਸਿੱਖਿਆ ਪ੍ਰਾਪਤ ਕੀਤੀ। ਜਾਣਕਾਰੀ ਦਿੰਦਿਆਂ ਸੈਂਟਰ ਹੈਡ ਟੀਚਰ ਯਮਨਦੀਪ ਕੁਮਾਰ ਅਤੇ ਈ. ਟੀ. ਟੀ. ਅਧਿਆਪਕ ਕੁਲਵਿੰਦਰ ਸਿੰਘ ਨੇ ਦੱਸਿਆ ਕਿ ਅਜਿਹੇ ਵਿੱਦਿਅਕ ਟੂਰ ਬੱਚਿਆਂ ਦੇ ਗਿਆਨ ਨੂੰ ਵਧਾਉਣ ਵਿਚ ਮੀਲ ਪੱਥਰ ਸਾਬਤ ਹੁੰਦੇ ਹਨ। ਇਸ ਦੌਰਾਨ ਬੱਚਿਆਂ ਦੇ ਖਾਣ-ਪੀਣ ਅਤੇ ਸੁਰੱਖਿਆ ਦਾ ਪੂਰਾ ਪ੍ਰਬੰਧ ਕੀਤਾ ਗਿਆ।

## ਆਪਣੀ ਨਵੀਂ ਐਲਬਮ 'ਐਪੋਕਲੈਪਸੀ' ਨਾਲ ਮੁੜ ਚਰਚਾ 'ਚ ਐ ਗਾਇਕਾ ਰਮਨ ਰੋਮਾਣਾ

ਬਠਿੰਡਾ, 27 ਨਵੰਬਰ (ਸੱਤਪਾਲ ਸਿੰਘ ਸਿਵੀਆਂ)-ਪ੍ਰਸਿੱਧ ਪੰਜਾਬੀ ਗਾਇਕਾ ਰਮਨ ਰੋਮਾਣਾ ਆਪਣੀ ਨਵੀਂ ਐਲਬਮ 'ਐਪੋਕਲੈਪਸੀ' ਨਾਲ ਮੁੜ ਚਰਚਾ 'ਚ ਹੈ, ਜਿਸ ਦੇ ਗੀਤਾਂ ਨੇ ਸੰਗੀਤਕ ਖੇਤਰ ਵਿਚ ਮੁੜ ਧੂਮ ਮਚਾਈ ਹੋਈ ਹੈ। ਅੱਠ ਗਾਣਿਆਂ ਦੇ ਆਧਾਰਿਤ ਇਸ ਐਲਬਮ ਦਾ ਗੀਤ 'ਹੂ ਆਈ ਐਮ' ਉਸ ਨੇ ਆਪਣੇ ਪੁਰਖਿਆਂ ਦੇ ਪਿੰਡ ਰੋਮਾਣਾ ਅਲਬੇਲ ਸਿੰਘ (ਜ਼ਿਲ੍ਹਾ ਫਰੀਦਕੋਟ) ਵਿਚ ਫ਼ਿਲਮਾਇਆ ਹੈ, ਜਿਸ ਵਿਚ ਪਿੰਡ ਦੇ ਪੁਰਤਾਨ ਸਥਾਨਾਂ ਨੂੰ ਦਿਖਾਇਆ ਗਿਆ ਹੈ ਤੇ ਆਪਣੇ ਜੱਦੀ ਪਿੰਡ ਦਾ ਨਾਂਅ ਹੋਰ ਮਸ਼ਹੂਰ ਕੀਤਾ ਹੈ। ਗਾਇਕਾ ਦੇ ਪਿਤਾ ਸੇਵਾਮੁਕਤ ਪ੍ਰਿੰਸੀਪਲ ਸਾਧੂ ਸਿੰਘ ਰੋਮਾਣਾ ਨੇ ਦੱਸਿਆ ਕਿ ਰਮਨ ਪੜ੍ਹਾਈ ਪੱਖੋਂ ਉੱਚ-ਵਿੱਦਿਆ ਹਾਸਲ ਹੈ, ਜਿਸ ਨੇ ਬੀ. ਐੱਡ. ਦੇ ਨਾਲ-ਨਾਲ ਭੌਤਿਕ ਵਿਗਿਆਨ ਦੀ ਮਾਸਟਰ ਡਿਗਰੀ ਕੀਤੀ ਹੋਈ ਹੈ ਤੇ ਉਸ ਨੇ ਪਿਛਲੀ ਕਾਫ਼ੀ ਸਮੇਂ ਤੋਂ ਗਾਇਕੀ ਨੂੰ ਆਪਣਾ ਮੁੱਖ ਕਿੱਤਾ ਬਣਾਇਆ ਹੋਇਆ ਤੇ ਹੁਣ ਤੱਕ ਸੈਂਕੜੇ ਗੀਤ ਸਰੋਤਿਆਂ ਦੀ ਝੋਲੀ ਪਾ ਚੁੱਕੀ ਹੈ। ਉਸ ਨੇ ਪਿੱਠਵਰਤੀ ਗਾਇਕਾ ਵਜੋਂ ਕਈ ਫ਼ਿਲਮਾਂ ਵਿਚ ਵੀ ਗੀਤ ਗਾਏ ਹਨ। ਰਮਨ ਰੋਮਾਣਾ ਨੂੰ ਗਾਇਕੀ ਦੀ ਗੁੜ੍ਹਤੀ ਉਸ ਦੇ ਪੁਰਖਿਆਂ ਤੋਂ ਮਿਲੀ ਹੈ, ਜੋ ਪੁਰਤਾਨ ਸਮੇਂ ਵਿਚ ਰਾਜੇ-ਮਹਾਰਾਜਿਆਂ ਦੇ ਦਰਬਾਰ ਵਿਚ ਬਤੌਰ ਦਰਬਾਰੀ ਢਾਡੀ ਆਪਣੀ ਪੇਸ਼ਕਾਰੀ ਕਰਦੇ ਰਹੇ ਹਨ ਤੇ ਉਨ੍ਹਾਂ ਦੇ ਪਿਤਾ ਵੀ ਅਧਿਆਪਨ ਦੇ ਕਿੱਤੇ ਤੋਂ ਸੇਵਾਮੁਕਤ ਹੋਣ ਬਾਅਦ ਗਾਇਕੀ ਦੇ ਖੇਤਰ ਵਿਚ ਵਿਚਰ ਰਹੇ ਹਨ।



ਗਾਇਕਾ ਰਮਨ ਰੋਮਾਣਾ

## ਨੀਲ ਗਰਗ, ਕੋਟਫੱਤਾ, ਬਰਾੜ ਤੇ ਬਲਦੇਵ ਸਿੰਘ ਵਲੋਂ 'ਆਪ' ਸਰਕਾਰ ਦੇ ਫ਼ੈਸਲਿਆਂ ਦਾ ਸਵਾਗਤ

ਬਠਿੰਡਾ, 27 ਨਵੰਬਰ (ਅੰਮ੍ਰਿਤਪਾਲ ਸਿੰਘ ਵਲ ਾਣ)-ਆਮ ਆਦਮੀ ਪਾਰਟੀ ਦੇ ਬੁਲਾਰੇ ਤੇ ਪੰਜਾਬ ਮੀਡੀਅਮ ਉਦਯੋਗ ਵਿਕਾਸ ਬੋਰਡ ਦੇ ਚੇਅਰਮੈਨ ਨੀਲ ਗਰਗ, 'ਆਪ' ਕਿਸਾਨ ਵਿੰਗ ਦੇ ਮਾਲਵਾ ਵੈਸਟ ਜੋਨ ਦੇ ਇੰਚਾਰਜ ਤੇ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਬਠਿੰਡਾ ਦੇ ਚੇਅਰਮੈਨ ਪਰਮਜੀਤ ਸਿੰਘ ਕੋਟਫੱਤਾ, 'ਆਪ' ਐਕਸ ਇੰਪਲਾਈਜ਼ ਵਿੰਗ ਦੇ ਸੂਬਾ ਜਨਰਲ ਸਕੱਤਰ ਤੇ ਸਿੱਖਿਆ ਵਿਭਾਗ ਦੇ ਮਾਲਵਾ ਜੋਨ ਦੇ ਕੋਆਰਡੀਨੇਟਰ ਹਰਮੰਦਰ ਸਿੰਘ ਬਰਾੜ ਅਤੇ 'ਆਪ' ਐਕਸ ਇੰਪਲਾਈਜ਼ ਵਿੰਗ ਦੇ ਸੂਬਾ ਜੁਆਇੰਟ ਸਕੱਤਰ ਤੇ ਸੀਨੀਅਰ ਆਗੂ ਬਲਦੇਵ ਸਿੰਘ ਪੀ.ਆਈ.ਐੱਸ. ਨੇ ਸੂਬੇ ਦੀ ਆਪ ਸਰਕਾਰ ਵਲੋਂ ਪੰਜਾਬ ਵਿਧਾਨ ਸਭਾ ਦਾ ਸੈਸ਼ਨ ਸ੍ਰੀ ਆਨੰਦਪੁਰ ਸਾਹਿਬ ਦੀ ਪਵਿੱਤਰ ਧਰਤੀ ਤੋਂ ਚਲਾਉਣ ਦੇ ਫ਼ੈਸਲੇ ਦਾ ਸਵਾਗਤ ਕਰਦਿਆਂ ਇਸ ਦੌਰਾਨ ਲਏ ਗਏ ਫ਼ੈਸਲਿਆਂ ਨੂੰ ਇਤਿਹਾਸਕ ਦੱਸਿਆ ਹੈ। ਉਨ ਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਉਕਤ ਸੈਸ਼ਨ ਦੌਰਾਨ ਸ੍ਰੀ ਆਨੰਦਪੁਰ ਸਾਹਿਬ ਅਤੇ ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਨੂੰ ਪਵਿੱਤਰ ਸ਼ਹਿਰ ਦਾ ਦਰਜਾ ਦੇਣ ਦਾ ਮਤਾ ਪਾਸ ਕਰਕੇ ਸਿੱਖ ਕੌਮ ਦੇ ਇਤਿਹਾਸਕ ਤੇ ਪਵਿੱਤਰ ਸਥਾਨਾਂ ਦੀ ਮਹੱਤਤਾ ਨੂੰ ਹੋਰ ਵਧਾਇਆ ਹੈ। 'ਆਪ' ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਸਾਰੇ ਵਰਗਾਂ ਅਤੇ ਧਰਮਾਂ ਦਾ ਸਤਿਕਾਰ ਕਰਦੀ ਹੋਈ ਉਨ ਾਂ ਦੀ ਤਰੱਕੀ ਲਈ ਵਚਨਬੱਧ ਹੈ ਤੇ ਆਉਣ ਵਾਲੇ ਦਿਨਾਂ 'ਚ ਸਾਰੇ ਵਰਗਾਂ ਅਤੇ ਧਰਮਾਂ ਦੀ ਭਲਾਈ ਲਈ ਹੋਰ ਇਤਿਹਾਸਕ ਫ਼ੈਸਲੇ ਲਏ ਜਾਣਗੇ। ਨੀਲ ਗਰਗ, ਕੋਟਫੱਤਾ, ਬਰਾੜ ਤੇ ਬਲਦੇਵ ਸਿੰਘ ਨੇ ਕਿਹਾ ਕਿ ਪੰਜਾਬ ਦੀ ਆਪ ਸਰਕਾਰ ਵਲੋਂ ਆਪਣੇ ਤਿੰਨ ਸਾਲਾਂ ਦੇ ਕਾਰਜਕਾਲ ਦੌਰਾਨ ਸੂਬੇ ਦੀ ਤਰੱਕੀ ਅਤੇ ਭਲਾਈ ਲਈ ਵੱਡੇ ਕਾਰਜ ਕੀਤੇ ਗਏ ਹਨ, ਜੋ ਅੱਜ ਤੱਕ ਕਿਸੇ ਵੀ ਸਰਕਾਰ ਵਲੋਂ ਨਹੀਂ ਕੀਤੇ ਗਏ ਤੇ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਲਾਸਾਨੀ ਕੁਰਬਾਨੀ ਨੂੰ ਸਿਜਦਾ ਕਰਦਿਆਂ ਉਨ ਾਂ ਦੇ ਸ਼ਹੀਦੀ ਦਿਹਾੜੇ ਸਬੰਧੀ ਸੂਬੇ ਭਰ 'ਚ ਇਤਿਹਾਸਕ ਨਗਰ ਕੀਰਤਨ ਸਜਾਇਆ ਗਿਆ ਹੈ ਤੇ ਜਗ੍ਹਾ-ਜਗ੍ਹਾ ਵੱਡੇ ਧਾਰਮਿਕ ਸਮਾਗਮ ਕੀਤੇ ਗਏ ਹਨ। ਉਨ ਾਂ ਕਿਹਾ ਕਿ ਪੰਜਾਬ ਸਰਕਾਰ ਦੀ ਕਾਰਜਸ਼ੈਲੀ ਤੋਂ ਸੂਬੇ ਦਾ ਹਰ ਵਰਗ ਸੰਤੁਸ਼ਟ ਹੈ।



ਨੀਲ ਗਰਗ, ਪਰਮਜੀਤ ਸਿੰਘ ਕੋਟਫੱਤਾ, ਹਰਮੰਦਰ ਸਿੰਘ ਬਰਾੜ, ਬਲਦੇਵ ਸਿੰਘ ਪੀ.ਆਈ.ਐੱਸ.।




ਸਕੂਲ ਵਿਚ ਸੰਵਿਧਾਨ ਦਿਵਸ ਮਨਾਏ ਜਾਣ ਦਾ ਦ੍ਰਿਸ਼। *ਤਸਵੀਰ: ਸੁਖਪਾਲ ਮਹਿਰਾਜ*

## ਪੀ.ਐੱਮ. ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਮਹਿਰਾਜ ਵਿਖੇ ਸੰਵਿਧਾਨ ਦਿਵਸ ਮਨਾਇਆ

ਮਹਿਰਾਜ, 27 ਨਵੰਬਰ (ਸੁਖਪਾਲ ਮਹਿਰਾਜ)-ਪੀ.ਐਮ. ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਪੱਤੀ ਕਾਲਾ ਮਹਿਰਾਜ ਵਿਖੇ ਪ੍ਰਿੰਸੀਪਲ ਇੰਚਾਰਜ ਕ੍ਰਿਸ਼ਨ ਲਾਲ ਦੀ ਅਗਵਾਈ ਹੇਠ ਸਮੁੱਚੇ ਸਟਾਫ਼ ਦੇ ਸਹਿਯੋਗ ਨਾਲ ਸੰਵਿਧਾਨ ਦਿਵਸ ਮਨਾਇਆ ਗਿਆ। ਸਕੂਲ ਦੇ ਪ੍ਰਿੰਸਿਪਲ ਕ੍ਰਿਸ਼ਨ ਲਾਲ ਨੇ ਸੰਵਿਧਾਨ ਦੀ ਮਹੱਤਤਾ ਬਾਰੇ ਰੌਸ਼ਨੀ ਪਾਉਂਦੇ ਹੋਏ ਕਿਹਾ ਕਿ ਭਾਰਤ ਦਾ ਸੰਵਿਧਾਨ ਲੋਕਤੰਤਰ ਦੀ ਮਜ਼ਬੂਤ ਨੀਂਹ ਹੈ, ਜੋ ਸਾਨੂੰ ਹੱਕਾਂ ਦੇ ਨਾਲ ਕਰਤੱਵਾਂ ਦੀ ਵੀ ਯਾਦ ਦਿਵਾਉਂਦਾ ਹੈ। ਸਮਾਜਿਕ ਸਿੱਖਿਆ ਅਧਿਆਪਕ ਗੁਰਸੇਵਕ ਸਿੰਘ ਨੇ ਵਿਦਿਆਰਥੀਆਂ ਨੂੰ ਸੰਵਿਧਾਨ ਦੇ ਨਿਰਮਾਤਾਵਾਂ, ਇਸ ਨੂੰ ਤਿਆਰ ਕਰਨ ਵਿਚ ਲੱਗੇ ਸਮੇਂ ਅਤੇ ਵੱਖ-ਵੱਖ ਧਾਰਾਵਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਨੇ ਦੱਸਿਆ ਕਿ ਸੰਵਿਧਾਨ ਦੀਆਂ ਇਹ ਧਾਰਾਵਾਂ ਦੇਸ਼ ਵਿਚ ਸਮਾਨਤਾ, ਆਜ਼ਾਦੀ ਅਤੇ ਨਿਆਂ ਦੀ ਰੱਖਿਆ ਕਰਦੀਆਂ ਹਨ। ਕਾਨੂੰਨੀ ਸਾਖਰਤਾ ਕਲੱਬ ਦੇ ਨੋਡਲ ਇੰਚਾਰਜ ਅਤੇ ਗਣਿਤ ਅਧਿਆਪਕ ਸੰਜੀਵ ਕੁਮਾਰ ਨੇ ਵੀ ਸੰਵਿਧਾਨ ਦੀ ਮੁਖਾਤੀ ਅਤੇ ਇਸ ਦੇ ਮੁੱਢਲੇ ਸਿਧਾਂਤਾਂ ਬਾਰੇ ਵਿਦਿਆਰਥੀਆਂ ਨੂੰ ਜਾਣਕਾਰੀ ਦਿੱਤੀ। ਸਮਾਗਮ ਦੇ ਅੰਤ ਵਿਚ ਅਧਿਆਪਕਾਂ ਅਤੇ ਵਿਦਿਆਰਥੀਆਂ ਵਲੋਂ ਸੰਵਿਧਾਨ ਦੀ ਪ੍ਰਸਤਾਵਨਾ ਦੀ ਸੌਂਹ ਚੁੱਕੀ ਗਈ ਅਤੇ ਦੇਸ਼ ਦੀ ਏਕਤਾ, ਅਖੰਡਤਾ ਅਤੇ ਸੰਵਿਧਾਨ ਦੀ ਮਰਿਆਦਾ ਬਣਾਈ ਰੱਖਣ ਦਾ ਸੰਕਲਪ ਲਿਆ ਗਿਆ।



ਲਹਿਰਾ ਮੁਹੱਬਤ ਨੇੜੇ ਵਾਪਰੇ ਸੜਕ ਹਾਦਸੇ ਵਿਚ ਹਾਦਸੇ ਵਿਚ ਨੁਕਸਾਨੀ ਕਾਰ ਅਤੇ (ਹਾਸ਼ੀਏ 'ਚ) ਮ੍ਰਿਤਕ ਨੌਜਵਾਨ ਦੀ ਪੁਰਾਣੀ ਤਸਵੀਰ।

## ਡਿਵਾਈਡਰ ਨਾਲ ਟਕਰਾਉਣ ਕਾਰਨ ਕਾਰ ਚਾਲਕ ਦੀ ਮੌਤ

ਲਹਿਰਾ ਮੁਹੱਬਤ, 27 ਨਵੰਬਰ (ਸੁਖਪਾਲ ਸਿੰਘ ਸੁੱਖੀ)-ਭਾਰਤ ਮਾਲਾ ਐਕਸਪ੍ਰੈੱਸ ਵੇਅ ਦੇ ਪੁਲ ਦੀ ਉਸਾਰੀ ਲਹਿਰਾ ਮੁਹੱਬਤ ਨੇੜੇ ਐਨ.ਐੱਚ-7 ਬਠਿੰਡਾ-ਚੰਡੀਗੜ੍ਹ 'ਤੇ ਸੜਕ ਦਾ ਇੱਕ ਪਾਸਾ ਬੰਦ ਕਰਨ ਨਾਲ ਬੀਤੀ ਦੇਰ ਰਾਤ ਬਠਿੰਡਾ ਤਰਫ਼ੋਂ ਆ ਰਹੀ ਕਾਰ ਦੇ ਹਾਦਸਾ ਵਾਪਰ ਜਾਣ ਕਾਰਨ ਕਾਰ ਚਾਲਕ ਦੀ ਮੌਤ ਹੋ ਜਾਣ ਦੀ ਖ਼ਬਰ ਹੈ। ਇਸ ਸੰਬੰਧੀ ਪੁਲਿਸ ਚੌਕੀ ਭੁੱਚੋ ਦੇ ਮੁਲਾਜ਼ਮ ਗੁਰਪ੍ਰੀਤ ਸਿੰਘ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਕਿਹਾ ਕਿ ਬੀਤੀ ਰਾਤ ਸਵਿਫ਼ਟ ਕਾਰ ਨੰ. ਪੀ.ਬੀ-03 ਬੀ.ਕੇ 7659 ਜਗਜੀਵਨ ਸਿੰਘ ਵਾਸੀ ਕੋਠੇ ਮੱਲੂਆਣਾ ਦੀ ਗੱਡੀ ਲਹਿਰਾ ਮੁਹੱਬਤ ਨੇੜੇ ਸੜਕ 'ਤੇ ਕਿਸੇ ਪਸ਼ੂ ਦੇ ਆ ਜਾਣ ਕਾਰਨ ਬਚਾਉਣ ਸਮੇਂ ਬੇਕਾਬੂ ਹੋ ਕੇ ਡਿਵਾਈਡਰ ਨਾਲ ਟਕਰਾਅ ਗਈ। ਇਸ ਭਿਆਨਕ ਹਾਦਸੇ ਦੌਰਾਨ ਕਾਰ ਚਾਲਕ ਦੀ ਮੌਤ ਹੋ ਗਈ। ਇਸ ਹਾਦਸੇ ਸੰਬੰਧੀ ਮ੍ਰਿਤਕ ਦੀ ਪਤਨੀ ਸਰਬਜੀਤ ਕੌਰ ਨੇ ਉਕਤ ਬਿਆਨ ਦਰਜ ਕਰਵਾਇਆ। ਮ੍ਰਿਤਕ ਜਗਜੀਵਨ ਸਿੰਘ ਜੋ ਟਰਾਂਸਪੋਰਟ ਦਾ ਕੰਮ ਕਰਦਾ ਸੀ। ਆਪਣੇ ਕਿਸੇ ਕੰਮ 'ਤੇ ਗਿਆ ਸੀ ਤੇ ਰਾਤੀ ਘਰ ਵਾਪਸ ਆ ਰਿਹਾ ਸੀ। ਮ੍ਰਿਤਕ ਆਪਣੇ ਪਿੱਛੇ ਪਤਨੀ ਤੇ 5 ਸਾਲ ਦੀ ਬੇਟੀ ਛੱਡ ਗਿਆ ਹੈ। ਪੁਲਿਸ ਨੇ 174 ਦੀ ਕਾਰਵਾਈ ਕਰਦਿਆਂ ਮ੍ਰਿਤਕ ਦੀ ਲਾਸ਼ ਵਾਰਸਾਂ ਨੂੰ ਸੌਂਪ ਦਿੱਤੀ।

## ਵਾਰਿਸ ਪੰਜਾਬ ਜਥੇਬੰਦੀ ਵਲੋਂ ਪੰਜਾਬ ਦੇ ਹੱਕਾਂ ਲਈ ਕੱਢਿਆ ਪੈਦਲ ਮਾਰਚ

ਬਠਿੰਡਾ, 27 ਨਵੰਬਰ (ਪ੍ਰੀਤਪਾਲ ਸਿੰਘ ਰੋਮਾਣਾ)-ਵਾਰਿਸ ਪੰਜਾਬ ਦੀ ਜਥੇਬੰਦੀ ਵਲੋਂ ਦੀਪ ਸਿੱਧੂ ਦੀ ਸੋਚ 'ਤੇ ਪਹਿਰਾ ਦਿੰਦਿਆਂ ਦੀਪ ਸਿੱਧੂ ਦੇ ਭਰਾ ਮਨਦੀਪ ਸਿੰਘ ਸਿੱਧੂ ਦੀ ਅਗਵਾਈ 'ਚ ਅੱਜ ਗੁਰਦੁਆਰਾ ਹਾਜੀ ਰਤਨ ਸਾਹਿਬ ਤੋਂ ਪੰਜਾਬ ਦੇ ਪੰਜਾਬੀਆਂ ਨੂੰ ਜਾਗਰੂਕ ਕਰਨ ਵਾਲੀ ਪੈਦਲ ਮਾਰਚ ਕੱਢਿਆ ਗਿਆ। ਇਸ ਮੌਕੇ ਮਨਦੀਪ ਸਿੰਘ ਸਿੱਧੂ ਨੇ ਦੱਸਿਆ ਕਿ ਗੁਰਦੁਆਰਾ ਹਾਜੀ ਰਤਨ ਸਾਹਿਬ ਬਠਿੰਡਾ ਤੋਂ ਪੈਦਲ ਮਾਰਚ ਕੱਢਣ ਦਾ ਮੁੱਖ ਮਕਸਦ ਸ੍ਰੀ ਅਨੰਦਪੁਰ ਸਾਹਿਬ ਦੇ ਮਤੇ ਬਾਰੇ ਤੇ ਪੰਜਾਬੀਆਂ ਨੂੰ ਖ਼ੁਦ ਮੁਖ਼ਤਿਆਰੀ ਬਾਰੇ ਜਾਗਰੂਕ ਕਰਨਾ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਆਪਣੀਆਂ ਕੋਝਿਆਂ ਚਾਲਾਂ ਚੱਲ ਕੇ ਵੱਖ-ਵੱਖ ਸਮੇਂ 'ਚ ਪੰਜਾਬ ਉੱਪਰ ਹਮਲੇ ਕਰ ਰਹੀ ਹੈ, ਜਿਵੇਂ ਕਿ ਪੰਜਾਬ 'ਚ ਭਾਖੜਾ ਡੈਮ ਉੱਪਰ ਵੀ ਕਬਜ਼ਾ ਕਰਨ ਦੀ ਕੋਸ਼ਿਸ਼ ਦੇ ਨਾਲ-ਨਾਲ ਯੂਨੀਵਰਸਿਟੀ 'ਚ ਵੀ ਕਾਬਜ਼ ਹੋਣ ਦੀ ਕੋਸ਼ਿਸ਼ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਕੋਲ ਆਪਣੇ ਵੱਧ ਅਧਿਕਾਰ ਹੋਣੇ ਚਾਹੀਦੇ ਹਨ। ਬੰਦੀ ਸਿੰਘਾ ਦੇ ਮੁੱਦੇ ਉੱਪਰ ਉਨ੍ਹਾਂ ਬੋਲਦੇ ਹੋਏ ਕਿਹਾ ਕਿ ਜੇਲ੍ਹਾਂ 'ਚ ਜੋ ਬੰਦੀ ਸਿੰਘ ਬੈਠੇ ਹੋਏ ਹਨ, ਉਹ ਆਪਣੇ ਨਿੱਜੀ ਕਾਰਜਾਂ ਕਰਕੇ ਨਹੀ ਬੈਠੇ, ਸਗੋਂ ਉਹ ਪੰਥਕ ਕਾਰਜਾਂ ਕਰਕੇ ਬੈਠੇ ਹੋਏ ਹਨ, ਪਰ ਕੇਂਦਰ ਸਰਕਾਰ ਨੇ ਉਨ੍ਹਾਂ ਬਾਰੇ ਕਦੇ ਨਹੀ ਸੋਚਣਾ। ਉਨ੍ਹਾਂ ਕਿਹਾ ਕਿ ਜੇਕਰ ਪੰਜਾਬ ਕੋਲ ਆਪਣੇ ਵੱਧ ਅਧਿਕਾਰ ਹੁੰਦੇ ਤਾਂ ਅੱਜ ਜੇਲ੍ਹਾਂ ਵਿਚ ਬੰਦੀ ਸਿੰਘ ਕਦੇ ਨਹੀ ਹੋਣੇ ਸਨ। ਮਨਦੀਪ ਸਿੰਘ ਸਿੱਧੂ ਨੇ ਪੰਜਾਬ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਉਨ੍ਹਾਂ ਦਾ ਸਾਥ ਦੇਣ। ਇਸ ਮੌਕੇ ਪਰਮਿੰਦਰ ਸਿੰਘ ਬਾਲਿਆਂਵਾਲੀ ਮੈਂਬਰ ਪੀ.ਏ.ਸੀ ਤੋਂ ਇਲਾਵਾ ਹੋਰ ਅਹੁੱਦੇਦਾਰ ਹਾਜ਼ਰ ਸਨ।

ਸੰਪਾਦਕ-ਰਾਜਿੰਦਰ ਸਿੰਘ। ਪ੍ਰਕਾਸ਼ ਕੌਰ ਹਮਦਰਦ, ਪ੍ਰਿੰਟਰ, ਪਬਲਿਸ਼ਰ ਤੇ ਸੈਕਟਰੀ ਟਰੱਸਟ ਨੇ ਸਾਧੂ ਸਿੰਘ ਹਮਦਰਦ ਟਰੱਸਟ ਲਈ ਡੇਲੀ ਅਜੀਤ ਪ੍ਰਿੰਟਰਜ਼, ਲਿੱਧੜਾਂ, ਜਲੰਧਰ ਤੋਂ ਛਪਵਾ ਕੇ ਸ਼ਾਪ ਨੰ: 72, ਸੁਭਾਸ਼ ਮਾਰਕੀਟ, ਮਾਲ ਰੋਡ, ਬਠਿੰਡਾ ਤੋਂ ਪ੍ਰਕਾਸ਼ਤ ਕੀਤਾ।
ਆਰ. ਐਨ. ਆਈ. ਰਜਿਸਟ੍ਰੇਸ਼ਨ ਨੰ: PUNPUN/2017/70557

Editor- Rajinder Singh. Printer, Publisher and Secretary Parkash Kaur Hamdard. Printed for Sadhu Singh Hamdard Trust at Daily Ajit Printers, Lidhran, Jalandhar and Published from Shop No. 72, Subhash Market, Mall Road, Bathinda. RNI Regd. No:- PUNPUN/2017/70557